# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 10-02-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ 'ਪਰੀਕਸ਼ਾ ਪੇ ਚਰਚਾ' ਪ੍ਰੋਗਰਾਮ 'ਚ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ - ਸਮੁੱਚੇ ਵਿਕਾਸ ਲਈ ਸਮਾਂ ਪ੍ਰਬੰਧਨ ਅਤੇ ਸਿੱਖਿਆ ਦੇ ਮਹੱਤਵ 'ਤੇ ਦਿੱਤਾ ਜ਼ੋਰ।
- ਪ੍ਰਧਾਨ ਮੰਤਰੀ ਨੇ ਵਿਦਿਆਰਥੀਆਂ ਨੂੰ ਸਿਹਤਮੰਦ ਰਹਿਣ ਲਈ, ਪੌਸ਼ਟਿਕ ਭੋਜਨ ਖਾਣ ਦੀ ਸਲਾਹ ਦਿੱਤੀ- ਪ੍ਰੀਖਿਆ ਦੌਰਾਨ ਦਬਾਅ ਅਤੇ ਤਣਾਅ ਨਾਲ ਨਜਿੱਠਣ ਬਾਰੇ ਨੁਕਤੇ ਵੀ ਸਾਂਝੇ ਕੀਤੇ ।
- ਪੰਜਾਬ 'ਚ ਬਰਨਾਲਾ ਜ਼ਿਲ੍ਹਾ ਦਿਵਿਆਂਗਜਨ ਲਈ ਵਿਲੱਖਣ ਦਿਵਿਆਗਤਾਂ ਪਛਾਣ ਕਾਰਡ ਬਣਾਉਣ ਵਿੱਚ ਪਹਿਲੇ ਸਥਾਨ 'ਤੇ ਰਿਹੈ।

- ਪੰਜਾਬ ਦੇ ਕਿਰਤ ਵਿਭਾਗ ਦੀਆਂ ਸਾਰੀਆਂ ਸੇਵਾਵਾਂ ਤੇ ਉਦਯੋਗਿਕ ਯੋਜਨਾਵਾਂ ਆਨ ਲਾਈਨ ਹੋਈਆਂ।
- ਸਿੱਖ ਕੌਮ ਦੇ ਮਹਾਨ ਜਰਨੈਲ ਸ਼ਾਮ ਸਿੰਘ ਅਟਾਰੀ ਵਾਲਾ ਦਾ 179ਵਾਂ ਸ਼ਹੀਦੀ ਦਿਹਾੜਾ ਅੱਜ ਅਟਾਰੀ ਵਿਖੇ ਪੂਰੀ ਸ਼ਰਧਾ ਭਾਵ ਮਨਾਇਆ ਗਿਆ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ 'ਪਰੀਕਸ਼ਾ ਪੇ ਚਰਚਾ "ਦੇ 8ਵੇਂ ਐਡੀਸ਼ਨ ਵਿੱਚ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ।ਪ੍ਰਧਾਨ ਮੰਤਰੀ ਨੇ ਸਮੁੱਚੇ ਵਿਕਾਸ 'ਤੇ ਜ਼ੋਰ ਦਿੰਦੇ ਹੋਏ ਸਿੱਖਿਆ ਦੇ ਮਹੱਤਵ ਨੂੰ ਉਜਾਗਰ ਕੀਤਾ। ਅੱਜ ਜਾਰੀ ਇੱਕ ਵੀਡੀਓ ਵਿੱਚ, ਪ੍ਰਧਾਨ ਮੰਤਰੀ ਨੇ ਪ੍ਰੀਖਿਆਵਾਂ ਦੌਰਾਨ ਤਣਾਅ ਅਤੇ ਚਿੰਤਾ ਨੂੰ ਦੂਰ ਕਰਨ ਦੇ ਤਰੀਕਿਆਂ ਬਾਰੇ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ। BYTE: ਪ੍ਰਧਾਨ ਮੰਤਰੀ ਮੋਦੀ ਨੇ ਪੋਸ਼ਣ ਅਤੇ ਸਿਹਤ ਦੇ ਮਹੱਤਵ ਦਾ ਵੀ ਜ਼ਿਕਰ ਕੀਤਾ। ਉਨ੍ਹਾਂ ਵਿਦਿਆਰਥੀਆਂ ਨੂੰ ਸੇਹਤਮੰਦ ਰਹਿਣ ਲਈ ,ਮੋਟੇ ਅਨਾਜ ਅਤੇ ਸਬਜ਼ੀਆਂ ਖਾਣ ਦੀ ਸਲਾਹ ਦਿੱਤੀ । ਪ੍ਰਧਾਨ ਮੰਤਰੀ

ਨੇ ਇਹ ਉਜਾਗਰ ਕਰਦੇ ਹੋਏ ਕਿ ਮੈਡੀਕਲ ਵਿਗਿਆਨ, ਨੀਂਦ ਦੇ ਮਹੱਤਵ ਨੂੰ ਮੰਨਦਾ ਏ, ਦੱਸਿਆ ਕਿ ਨੀਂਦ, ਪੋਸ਼ਣ 'ਤੇ ਨਿਰਭਰ ਕਰਦੀ ਏ। ਉਨ੍ਹਾਂ ਵਿਦਿਆਰਥੀਆਂ ਨੂੰ ਸਵੇਰ ਦੀ ਧੁੱਪ ਵਿੱਚ ਸਮਾਂ ਬਿਤਾਉਣ ਲਈ ਪ੍ਰੇਰਿਤ ਕੀਤਾ। ਪ੍ਰਧਾਨ ਮੰਤਰੀ ਨੇ ਵਿਦਿਆਰਥੀਆਂ ਨੂੰ ਸਲਾਹ ਦਿੱਤੀ ਕਿ ਉਹ ਪ੍ਰੀਖਿਆਵਾਂ ਦੇ ਦਬਾਅ ਤੋਂ ਤਣਾਅ-ਮੁਕਤ ਤਿਆਰੀ ਕਰਨ ਅਤੇ ਆਪਣੇ ਆਪ ਨੂੰ ਚੁਣੌਤੀ ਦਿੰਦੇ ਰਹਿਣ। ਉਨ੍ਹਾਂ ਵਿਦਿਆਰਥੀਆਂ ਨੂੰ ਗਤੀਵਿਧੀਆਂ ਦੀ ਸੂਚੀ ਬਣਾਉਣ ਦੀ ਸਲਾਹ ਦਿੱਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਵਿਸ਼ਿਆਂ ਦੇ ਖਿਲਾਫ ਚੁਣੌਤੀ ਦੇਣ ਦੀ ਅਪੀਲ ਕੀਤੀ ਜੋ ਉਨ੍ਹਾਂ ਨੂੰ ਪਸੰਦ ਨਹੀਂ ਹਨ। ਆਕਾਸ਼ਵਾਣੀ, ਦੂਰਦਰਸ਼ਨ, ਪ੍ਰਧਾਨ ਮੰਤਰੀ ਦਫਤਰ ਦੇ ਯੂ-ਟਿਊਬ ਚੈਨਲ ਅਤੇ ਸਿੱਖਿਆ ਅਤੇ ਸੂਚਨਾ ਅਤੇ ਪ੍ਰਸਾਰਣ ਮੰਤਰਾਲਿਆਂ ਦੇ ਸੋਸ਼ਲ ਮੀਡੀਆ ਚੈਨਲਾਂ 'ਤੇ 'ਪਰੀਕਸ਼ਾ ਪੇ ਚਰਚਾ' ਪ੍ਰੋਗਰਾਮ ਦਾ ਸਿੱਧਾ ਪ੍ਰਸਾਰਣ ਕੀਤਾ ਗਿਆ। ਇਸ ਵਿੱਚ, ਸਾਰੇ ਸੂਬਿਆਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ ਲਗਭਗ, 36 ਵਿਦਿਆਰਥੀਆਂ ਨੂੰ ਪ੍ਰਧਾਨ ਮੰਤਰੀ ਨਾਲ ਸਿੱਧਾ ਗੱਲਬਾਤ ਕਰਨ ਲਈ ਚੁਣਿਆ ਗਿਆ ਏ। ਪਰੀਕਸ਼ਾ ਪੇ ਚਰਚਾ

2025' ਸੱਤ ਐਪੀਸੋਡਾਂ ਨੂੰ ਪੇਸ਼ ਕਰੇਗੀ, ਜੋ ਵਿਦਿਆਰਥੀਆਂ ਨੂੰ ਜੀਵਨ ਅਤੇ ਸਿੱਖਣ ਦੇ ਜ਼ਰੂਰੀ ਪਹਿਲੂਆਂ 'ਤੇ ਮਾਰਗ-ਦਰਸ਼ਨ ਕਰਨ ਲਈ ਵੱਖ ਵੱਖ  ਖੇਤਰਾਂ ਦੀਆਂ ਨਾਮਵਰ ਸ਼ਖਸੀਅਤਾਂ ਨੂੰ ਇਕੱਠਾ ਕਰੇਗੀ। ਸਾਲਾਂ ਦੌਰਾਨ, ਪਰੀਕਸ਼ਾ ਪੇ ਚਰਚਾ ਨੇ ਇਮਤਿਹਾਨ-ਸਬੰਧਤ ਤਣਾਅ ਨੂੰ ਸਕਾਰਾਤਮਕ ਊਰਜਾ ਵਿੱਚ ਬਦਲਣ ਦਾ ਉਦੇਸ਼ ਇੱਕ ਮੌਕੇ ਵਜੋਂ ਵਿਕਸਤ ਕੀਤਾ ਏ।

---

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਪ੍ਰਯਾਗਰਾਜ ਵਿੱਚ, ਮਹਾਕੁੰਭ ਦੇ ਤ੍ਰਿਵੇਣੀ ਸੰਗਮ 'ਚ, ਪਵਿੱਤਰ ਇਸ਼ਨਾਨ ਕੀਤਾ। ਉਨ੍ਹਾਂ ਨੇ ਗੰਗਾ, ਯਮੁਨਾ ਅਤੇ ਸਰਸਵਤੀ ਨਦੀ ਦੇ ਸੰਗਮ 'ਤੇ ਪੂਜਾ ਵੀ ਕੀਤੀ। ਰਾਸ਼ਟਰਪਤੀ ਨੇ ਤ੍ਰਿਵੇਣੀ ਸੰਗਮ ਪਹੁੰਚਣ ਲਈ, ਕਿਸ਼ਤੀ ਦੀ ਸਵਾਰੀ ਕੀਤੀ ਅਤੇ ਸਾਈਬੇਰੀਅਨ ਪੰਛੀਆਂ ਨੂੰ ਭੋਜਨ ਦਿੱਤਾ। ਰਾਸ਼ਟਰਪਤੀ ਪ੍ਰਯਾਗਰਾਜ ਵਿੱਚ, ਅਕਸ਼ਯ ਅਤੇ ਬੜੇ  ਹਨੂੰਮਾਨ ਮੰਦਰ ਵੀ ਗਏ। ਉੱਤਰ ਪ੍ਰਦੇਸ਼ ਦੇ ਰਾਜਪਾਲ ਆਨੰਦੀਬੇਨ ਪਟੇਲ ਅਤੇ ਮੁੱਖ ਮੰਤਰੀ ਯੋਗੀ ਆਦਿਤਿਆਨਾਥ ਵੀ ਇਸ ਮੌਕੇ 'ਤੇ ਮੌਜੂਦ ਸਨ।

--------------------------------------------------------------------

ਪੰਜਾਬ ਵਿੱਚ ਦਿਵਿਆਂਗਜਨਾਂ ਨੂੰ ਸਰਕਾਰੀ ਸੇਵਾਵਾਂ ਦੇਣ ਲਈ ਬਣਾਏ ਜਾਂਦੇ ਵਿਲੱਖਣਤਾ ਦਿਵਿਆਂਗ ਪਛਾਣ ਪੱਤਰ UDID ਕਾਰਡ ਦੀ ਸਹੂਲਤ ਦੇਣ ਵਿੱਚ ਜ਼ਿਲ੍ਹਾ ਬਰਨਾਲਾ ਪਹਿਲੇ ਸਥਾਨ 'ਤੇ ਏ । ਸਮਾਜਿਕ ਸੁਰੱਖਿਆ, ਮਹਿਲਾ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਵਿਭਾਗ ਅਤੇ ਸਿਹਤ ਵਿਭਾਗ ਦੇ ਸਾਂਝੇ ਯਤਨਾਂ ਨਾਲ ਜ਼ਿਲ੍ਹਾ ਬਰਨਾਲਾ ਵਿੱਚ 70 ਫੀਸਦੀ ਤੋਂ ਵੱਧ 9 ਹਜ਼ਾਰ 766 ਦਿਵਿਆਂਗਜਨ ਦੇ ਕਾਰਡ ਬਣਾਏ ਜਾ ਚੁੱਕੇ ਨੇ । ਡਾ. ਬਲਜੀਤ ਕੌਰ ਨੇ ਦੱਸਿਆ ਕਿ ਦਿਵਿਆਂਗ ਵਿਅਕਤੀਆਂ ਨੂੰ, ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਸਾਰੀਆਂ ਯੋਜਨਾਵਾਂ ਅਤੇ ਸੇਵਾਵਾਂ ਦਾ ਲਾਭ ਇੱਕੋ ਕਾਰਡ ਦੇ ਆਧਾਰ ’ਤੇ ਦੇਣ ਲਈ ਵਿਲੱਖਣ ਦਿਵਿਆਂਗਤਾ ਪਛਾਣ ਪੱਤਰ ਜਾਰੀ ਕੀਤੇ ਜਾਂਦੇ ਹਨ। ਉਨ੍ਹਾਂ ਨੇ ਕਿਹਾ ਕਿ ਇਸ ਕਾਰਡ ਰਾਹੀਂ ਦਿਵਿਆਂਗਜਨਾਂ ਨੂੰ ਸਰਕਾਰੀ ਸੇਵਾਵਾਂ ਤੱਕ ਪਹੁੰਚ ਬਣਾਉਣ ਵਿੱਚ ਸਹੂਲਤ ਹੁੰਦੀ ਏ । ਇਸ ਤੋਂ ਇਲਾਵਾ ਪੰਜਾਬ ਸਰਕਾਰ ਵੱਲੋਂ ਦਿਵਿਆਂਗ ਵਿਅਕਤੀਆਂ ਲਈ ਦਿਵਿਆਂਗਤਾ ਸੈੱਲ ਬਣਾਇਆ ਗਿਆ ਏ । ਉਨ੍ਹਾਂ ਕਿਹਾ ਕਿ ਇਹ ਸਪਰਪਿਤ ਸੈੱਲ ਦਿਵਿਆਂਗ ਵਿਅਕਤੀਆਂ ਨੂੰ ਯੋਜਨਾਵਾਂ

ਦੇ ਲਾਭ ਦੇਣ ਲਈ ਇੱਕ ਸਿੰਗਲ ਵਿੰਡੋ ਪਲੇਟਫਾਰਮ ਏ। ਉਨ੍ਹਾਂ ਸੂਬੇ ਦੇ ਦਿਵਿਆਂਗਜਨਾਂ ਨੂੰ ਅਪੀਲ ਕੀਤੀ ਕਿ ਉਹ, ਸੇਵਾ ਕੇਂਦਰਾਂ, ਜ਼ਿਲ੍ਹਾ ਸਮਾਜਿਕ ਸੁਰੱਖਿਆ ਦਫਤਰਾਂ ਜਾਂ ਸਿਵਲ ਹਸਪਤਾਲ ਵਿਖੇ ਸੰਪਰਕ ਕਰਕੇ ਬਿਨੇ ਕਰਨ ਤਾਂ ਜੋ ਉਹ ਸਰਕਾਰੀ ਯੋਜਨਾਵਾਂ ਦਾ ਵੱਧ ਤੋਂ ਵੱਧ ਲਾਭ ਲੈ ਸਕਣ।

---------------------------------------------------------------------------

ਏਸ਼ੀਆ ਦਾ ਸਭ ਤੋਂ ਵੱਡਾ ਐਰੋ ਸ਼ੋਅ ਅੱਜ ਤੋਂ ਬੈਂਗਲੂਰੂ ਸਥਿਤ ਭਾਰਤੀ ਹਵਾਈ ਫੌਜ ਦੇ ਯਾਲਾ ਹਨਕਾ ਏਅਰ ਫੋਰਸ ਸਟੇਸ਼ਨ ਵਿਖੇ ਸ਼ੁਰੂ ਹੋ ਗਿਆ। ਇਹ ਪੰਜ ਦਿਨ ਤੱਕ ਚਲੇਗਾ। ਇਸਦਾ ਉਦਘਾਟਨ ਕੇਂਦਰੀ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ, ਕੇਂਦਰੀ ਰੱਖਿਆ ਰਾਜ ਮੰਤਰੀ ਸੰਜੇ ਸੇਠ ਅਤੇ ਕਰਨਾਟਕ ਦੇ ਮੁੱਖ ਮੰਤਰੀ ਡੀ.ਕੇ. ਸ਼ਿਵ ਕੁਮਾਰ ਦੀ ਮੌਜੂਦਗੀ ਵਿੱਚ ਕੀਤਾ। ਇਸ ਏਅਰ ਸ਼ੋਅ ਵਿੱਚ, ਦੁਨੀਆ ਭਰ ਤੋਂ ਰੱਖਿਆ ਖੇਤਰ ਦੇ ਮਾਹਰ ਸਨਅਤੀ ਆਗੂ, ਹਵਾਈ ਫੌਜ ਦੇ ਅਧਿਕਾਰੀ ਅਤੇ ਵਿਗਿਆਨੀ ਹਿੱਸਾ ਲੈ ਰਹੇ ਨੇ। ਸੈਂਕੜਿਆਂ ਦੀ ਗਿਣਤੀ ਵਿੱਚ ਇਸ ਐਰੋ ਸ਼ੋਅ ਨੂੰ ਵੇਖਣ ਆਏ ਦਰਸ਼ਕਾਂ ਨੇ, ਭਾਰਤੀ ਹਵਾਈ ਸੈਨਾ ਦੇ ਵੱਖ-ਵੱਖ

ਤਰਾਂ ਦੇ ਹਵਾਈ ਜਹਾਜਾਂ ਦੇ ਹਵਾ ਵਿੱਚ ਵਿਖਾਏ ਕਰਤਬਾਂ ਦਾ ਆਨੰਦ ਲਿਆ। ਇਹ 15ਵਾਂ ਏਰੋ ਇੰਡੀਆ ਸ਼ੋਅ ਏ।

---------------------------------------------------------------------------

ਕਿਰਤ ਵਿਭਾਗ ਨੇ ਵੱਖ-ਵੱਖ ਐਕਟਾਂ ਅਧੀਨ ਪ੍ਰਦਾਨ ਕੀਤੀਆਂ ਜਾਣ ਵਾਲੀਆਂ ਸਾਰੀਆਂ ਸੇਵਾਵਾਂ ਤੇ ਉਦਯੋਗਿਕ ਯੋਜਨਾਵਾਂ ਨੂੰ ਡਿਜ਼ੀਟਾਈਜ਼ ਕਰ ਦਿੱਤਾ ਏ। ਹੁਣ ਇੱਕ ਕਲਿੱਕ ਨਾਲ ਸਾਰੀਆਂ ਸੇਵਾਵਾਂ ਤੇ ਸਕੀਮਾਂ ਦਾ ਲਾਭ ਲਿਆ ਜਾ ਸਕਦਾ ਏ। ਕਿਰਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਕਿ ਬਿਲਡਿੰਗ ਪਲਾਨ ਦੀ ਪ੍ਰਵਾਨਗੀ, ਫੈਕਟਰੀਆਂ ਦੀ ਰਜਿਸਟ੍ਰੇਸ਼ਨ, ਲਾਇਸੈਂਸ ਲਈ ਮਨਜ਼ੂਰੀ, ਲਾਇਸੈਂਸ ਦਾ ਨਵੀਨੀਕਰਨ, ਲਾਇਸੈਂਸ ਵਿੱਚ ਸੋਧ, ਰਾਤ ਦੀ ਸ਼ਿਫਟ ਵਿੱਚ ਮਹਿਲਾਵਾਂ ਨੂੰ ਰੋਜ਼ਗਾਰ ਦੇਣ ਦੀ ਇਜਾਜ਼ਤ, ਪ੍ਰਿੰਸੀਪਲ ਇੰਪਲਾਇਅਰ ਦੀ ਰਜਿਸਟ੍ਰੇਸ਼ਨ ਅਤੇ ਠੇਕੇਦਾਰ ਨੂੰ ਲਾਇਸੈਂਸ ਦੀ ਮਨਜ਼ੂਰੀ ਆਨ ਲਾਈਨ ਲਈ ਜਾ ਸਕਦੀ ਏ। ਇਹ ਸੇਵਾਵਾਂ ਵੈੱਬਸਾਈਟ pb labour.gov.in ਤੋਂ ਲਈਆਂ ਜਾ ਸਕਦੀਆਂ ਹਨ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਪੰਜਾਬ ਬਿਲਡਿੰਗ ਐਂਡ ਅਦਰ ਕੰਸਟਰਕਸ਼ਨ ਵਰਕਰਜ਼ ਵੈਲਫੇਅਰ ਬੋਰਡ ਵੱਲੋਂ ਵਜੀਫ਼ਾ ਯੋਜਨਾ , ਐਲ.ਟੀ.ਸੀ. ਸਕੀਮ ਅਤੇ ਸ਼ਗਨ ਸਕੀਮ ਸਮੇਤ ਹੋਰ ਭਲਾਈ

ਸਕੀਮਾਂ ਸਬੰਧੀ ਨਿਯਮਾਂ ਅਤੇ ਸ਼ਰਤਾਂ ਵਿੱਚ ਢਿੱਲ ਦਿੱਤੀ ਗਈ ਏ । ਮੰਤਰੀ ਨੇ ਦੱਸਿਆ ਕਿ ਕਿਰਤੀਆਂ ਦੇ ਬੱਚਿਆਂ ਦੀ ਪੜ੍ਹਾਈ ਲਈ ਦਿੱਤੀ ਜਾਂਦੀ ਵਜੀਫਾ ਸਕੀਮ ਲਈ ਕਿਰਤੀ ਦੀ ਦੋ ਸਾਲ ਦੀ ਸੇਵਾ ਹੋਣ ਦੀ ਸ਼ਰਤ ਨੂੰ ਖਤਮ ਕਰ ਦਿੱਤਾ ਗਿਆ ਏ । ਹੁਣ ਕਿਰਤੀ ਵਜੀਫਾ ਸਕੀਮ ਦਾ ਲਾਭ ਅੰਸ਼ਦਾਨ ਕਰਨ ਦੀ ਤਰੀਕ ਤੋਂ ਹੀ ਲੈ ਸਕੇਗਾ । ਸ਼ਗਨ ਸਕੀਮ ਦਾ ਲਾਭ ਲੈਣ ਲਈ ਰਜਿਸਟਰਡ ਮੈਰਿਜ ਸਰਟੀਫਿਕੇਟ ਦੀ ਸ਼ਰਤ ਨੂੰ ਵੀ ਖਤਮ ਕਰ ਦਿੱਤਾ ਗਿਆ ਏ । ਕਿਰਤੀ ਵਿਆਹ ਵਾਲੀ ਧਾਰਮਿਕ ਥਾਂ ਅਤੇ ਵਿਆਹ ਕਰਵਾਉਣ ਵਾਲੇ ਧਾਰਮਿਕ ਵਿਅਕਤੀ ਦੀਆਂ ਫੋਟੋਆਂ ਲਗਾ ਦੇ ਸ਼ਗਨ ਸਕੀਮ ਦਾ ਲਾਭ ਲੈ ਸਕਦਾ ਏ ।

---

ਸਿੱਖ ਕੌਮ ਦੇ ਮਹਾਨ ਜਰਨੈਲ ਸ਼ਾਮ ਸਿੰਘ ਅਟਾਰੀ ਵਾਲਾ ਦਾ 179ਵਾਂ ਸ਼ਹੀਦੀ ਦਿਹਾੜਾ ਅੱਜ ਅਟਾਰੀ ਸਮਾਧ ’ਤੇ ਪੂਰੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਗਿਆ । ਸੂਬਾ ਪੱਧਰੀ ਸ਼ਹੀਦੀ ਸਮਾਗਮ ਮੌਕੇ ਰਮਦਾਸ ਹਲਕਾ ਵਿਧਾਇਕ ਅਟਾਰੀ ਜਸਵਿੰਦਰ ਸਿੰਘ ਸਮੇਤ ਹੋਰਨਾਂ ਨੇ ਸ਼ਹੀਦ ਸ਼ਾਮ ਸਿੰਘ ਅਟਾਰੀਵਾਲਾ ਦੇ ਬੁੱਤ ਤੇ ਫੁੱਲ ਮਾਲਾਵਾਂ ਚੜ੍ਹਾ ਕੇ ਸ਼ਰਧਾਂਜਲੀ ਭੇਟ ਕੀਤੀ । ਜਸਵਿੰਦਰ ਸਿੰਘ ਰਮਦਾਸ ਨੇ ਕਿਹਾ ਕਿ

ਸ਼ਾਮ ਸਿੰਘ ਅਟਾਰੀਵਾਲਾ ਸਿੱਖ ਕੌਮ ਦੇ ਮਹਾਨ ਜਰਨੈਲ ਹੋਏ ਹਨ ਜਿਨ੍ਹਾਂ ਦੀ ਸ਼ਹਾਦਤ ਆਉਣ ਨਵੀਂ ਪੀੜ੍ਹੀ ਲਈ ਚਾਨਣ ਮੁਨਾਰਾ ਰਹੇਗੀ। ਜ਼ਿਕਰਯੋਗ ਏ ਕਿ ਸ਼ਾਮ ਸਿੰਘ ਅਟਾਰੀਵਾਲਾ ਨੇ 10 ਫਰਵਰੀ 1846 ਨੂੰ ਸਭਰਾਵਾਂ ਦੀ ਜੰਗ ਵਿਚ ਬਹਾਦਰੀ ਨਾਲ ਅੰਗਰੇਜ਼ੀ ਫੌਜਾਂ ਦਾ ਮੁਕਾਬਲਾ ਕਰਕੇ ਸ਼ਹਾਦਤ ਦਾ ਜਾਮ ਪੀਤਾ । ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਤਰ੍ਹਾਂ ਦੇ ਸਮਾਗਮਾਂ ਵਿੱਚ ਵੱਧ ਚੜ੍ਹ ਕੇ ਭਾਗ ਲੈਣ ਅਤੇ ਆਪਣੇ ਬੱਚਿਆਂ ਨੂੰ ਵੀ ਇਤਿਹਾਸ ਤੋਂ ਜਾਣੂੰ ਕਰਾਉਣ। ਇਸ ਤੋਂ ਪਹਿਲਾਂ ਅੰਮ੍ਰਿਤਸਰ ਤੋਂ ਅਟਾਰੀ ਤੱਕ ਸਾਈਕਲ ਰੈਲੀ ਵੀ ਕੱਢੀ ਗਈ।

-------------------------------------------------------------------

ਸ੍ਰੀ ਮੁਕਤਸਰ ਸਾਹਿਬ ਦੇ ਪਿੰਡ ਮੋਤਲੇਵਾਲਾ ਵਿਖੇ ਵਿਸ਼ਵ ਦਾਲ ਦਿਵਸ ਸਬੰਧੀ ਵਿਸ਼ੇਸ਼ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ । ਇਸ ਕੈਂਪ ਵਿੱਚ ਖੇਤੀਬਾੜੀ ਅਧਿਕਾਰੀਆਂ ਵੱਲੋਂ ਦਾਲਾਂ ਦੀ ਮਨੁੱਖੀ ਖੁਰਾਕ ਵਿੱਚ ਮਹੱਹਤਾ ਅਤੇ ਜਮੀਨ ਸੁਧਾਰ ਵਿੱਚ ਮਹੱਤਵ ਬਾਰੇ ਵਿਸਥਾਰ ਵਿੱਚ ਜਾਣਕਾਰੀ ਸਾਂਝੀ ਕੀਤੀ ਗਈ। ਇਸ ਕੈਂਪ ਦੌਰਾਨ ਦਾਲਾਂ ਦੀ ਫਸਲ ਨੂੰ ਫਸਲੀ ਵਿਭਿੰਨਤਾ ਵਿੱਚ ਵਰਤ ਕੇ ਵਾਧੂ ਆਮਦਨ ਪ੍ਰਾਪਤ

ਕਰਨ ਬਾਰੇ ਵੀ ਚਰਚਾ ਕੀਤੀ ਗਈ। ਇਸ ਦੌਰਾਨ ਦਾਲਾਂ ਦੀ ਫਸਲ ਨੂੰ ਵਧੀਆ ਉਤਪਾਦਨ, ਚੰਗੀ ਖੁਰਾਕ, ਚੰਗਾ ਵਾਤਾਵਰਨ ਅਤੇ ਵਧੀਆ ਜਿੰਦਗੀ ਵਿੱਚ ਮਹੱਤਵਪੂਰਨ ਭੂਮਿਕਾ ਵਜੋਂ ਉਜਾਗਰ ਕੀਤਾ ਗਿਆ। ਇਸ ਤੋਂ ਇਲਾਵਾ ਕਿਸਾਨਾਂ ਨੂੰ ਫਸਲੀ ਵਿਭਿੰਨਤਾ, ਕੁਦਰਤੀ ਖੇਤੀ ਅਤੇ ਹੋਰ ਸਹਾਇਕ ਧੰਦਿਆਂ ਨਾਲ ਵੱਧ ਤੋਂ ਵੱਧ ਜੁੜਨ ਲਈ ਵੀ ਪ੍ਰੇਰਿਤ ਕੀਤਾ ਗਿਆ। ਓਧਰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵਲੋਂ ਜ਼ਿਲ੍ਹਾ ਐੱਸ.ਏ.ਐੱਸ.ਨਗਰ ਦੇ ਸਿਆਲਬਾ, ਮਾਜਰੀ, ਖੇੜਾ, ਫਤਿਹਪੁਰ, ਬੂਥਗੜ੍ਹ, ਸੰਗਤਪੁਰਾ ਅਤੇ ਖਿਜਰਾਬਾਦ ਵਿਖੇ ਛੋਲੇ ਅਤੇ ਮਸਰ ਦੇ ਪ੍ਰਦਰਸ਼ਨੀ ਪਲਾਟਾਂ ਦਾ ਨਿਰੀਖਣ ਕੀਤਾ ਗਿਆ। ਮੁੱਖ ਖੇਤੀਬਾੜੀ ਅਫਸਰ ਡਾ. ਗੁਰਮੇਲ ਸਿੰਘ ਨੇ ਕਿਸਾਨਾਂ ਨੂੰ ਦੱਸਿਆ ਕਿ ਦਾਲਾਂ ਮਨੁੱਖੀ ਸਿਹਤ ਅਤੇ ਮਿੱਟੀ ਦੀ ਗੁਣਵੱਤਾ ਨੂੰ ਵਧਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਨੇ ਕਿਸਾਨਾਂ ਨੂੰ ਜਾਗਰੂਕ ਕਰਦੇ ਹੋਏ ਕਿਹਾ ਕਿ ਪਾਣੀ ਦੇ ਪੱਧਰ ਨੂੰ ਬਰਕਰਾਰ ਰੱਖਣ ਲਈ ਆਪਣੀ ਜ਼ਮੀਨ ਦਾ ਕੁਝ ਰਕਬਾ ਦਾਲਾਂ ਹੇਠ ਲਿਆਂਦਾ ਜਾਵੇ।

--------------------------------------------------------------------------------

ਬਠਿੰਡਾ ਦੇ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਜ਼ਿਲ੍ਹੇ ਦੇ

ਪਿੰਡਾਂ ’ਚ ਮਗਨਰੇਗਾ ਕਰਮੀਆਂ ਦੀ ਸੁਰੱਖਿਆ ਦੇ ਮੱਦੇਨਜ਼ਰ ਪਿੰਡਾਂ ਦੀਆਂ ਪੰਚਾਇਤਾਂ ਨੂੰ ਮੁਹੱਈਆ ਕਰਵਾਈਆਂ ਜਾਣ ਵਾਲੀਆਂ ਫਸਟ ਏਡ ਕਿੱਟਾਂ ਦੀ ਵੰਡ ਕੀਤੀ। ਡਿਪਟੀ ਕਮਿਸ਼ਨਰ ਨੇ ਸਮਾਜ ਸੇਵਾ ਦੇ ਖੇਤਰ ’ਚ ਵਧੀਆਂ ਕਾਰਗੁਜਾਰੀ ਅਤੇ ਸ਼ਲਾਘਾਯੋਗ ਤੇ ਨਿਸ਼ਕਾਮ ਸੇਵਾ ਕਰਨ ਵਾਲੀਆਂ ਮੌਜੂਦ ਗੈਰ ਸਰਕਾਰੀ ਸੰਸਥਾਵਾਂ ਦੇ ਨੁਮਾਇੰਦਿਆਂ ਨੂੰ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ ਅਤੇ ਨਾਲ ਹੀ ਉਨ੍ਹਾਂ ਸਮਾਜ ਸੇਵਾ ਦੇ ਕਾਰਜਾਂ ਵਿੱਚ ਵੱਧ ਚੜ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।

--------------------------------------------------------------------------

ਥਾਈਲੈਂਡ ਵਿੱਚ ਚੱਲ ਰਹੇ ਪੈਰਾ-ਤੀਰਅੰਦਾਜ਼ੀ ਏਸ਼ੀਆ ਕੱਪ ਵਿੱਚ ਭਾਰਤੀ ਖਿਡਾਰੀ ਸਰਿਤਾ ਨੇ ਮਹਿਲਾ ਕੰਪਾਊਂਡ ਓਪਨ ਸ਼੍ਰੇਣੀ ਵਿੱਚ ਸੋਨ ਤਗਮਾ ਜਿੱਤਿਆ। ਸਰਿਤਾ ਨੇ ਸਿੰਗਾਪੁਰ ਦੀ ਨੂਰ ਸਿਆਹਿਦਾ ਅਲੀਮ ਨੂੰ 143-142 ਨਾਲ ਹਰਾਇਆ। ਮਰਦਾਂ ਦੇ ਡਬਲਯੂ ਵਨ ਵਰਗ ਵਿੱਚ ਭਾਰਤ ਦੇ ਆਦਿਲ ਮੁਹੰਮਦ ਨਜ਼ੀਰ ਅੰਸਾਰੀ ਨੇ ਅੱਜ ਕਾਂਸੀ ਦਾ ਤਗਮਾ ਜਿੱਤਿਆ।

--------------------------------------------------------------------------

ਅੱਜ ਇੰਡੀਅਨ ਸੁਪਰ ਲੀਗ ਵਿੱਚ ਓਡੀਸ਼ਾ ਐਫ.ਸੀ ਦਾ ਮੁਕਾਬਲਾ ਭੁਵਨੇਸ਼ਵਰ ਦੇ ਕਲਿੰਗਾ ਸਟੇਡੀਅਮ 'ਚ ਪੰਜਾਬ ਐਫਸੀ ਨਾਲ ਹੋਵੇਗਾ। ਇਹ ਮੈਚ ਸ਼ਾਮ ਸਾਢੇ ਸੱਤ ਵਜੇ ਸ਼ੁਰੂ ਹੋਵੇਗਾ।

---------------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ 'ਪਰੀਕਸ਼ਾ ਪੇ ਚਰਚਾ' ਪ੍ਰੋਗਰਾਮ 'ਚ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ - ਸਮੁੱਚੇ ਵਿਕਾਸ ਲਈ ਸਮਾਂ ਪ੍ਰਬੰਧਨ ਅਤੇ ਸਿੱਖਿਆ ਦੇ ਮਹੱਤਵ 'ਤੇ ਦਿੱਤਾ ਜ਼ੋਰ।
- ਪ੍ਰਧਾਨ ਮੰਤਰੀ ਨੇ ਵਿਦਿਆਰਥੀਆਂ ਨੂੰ ਸਿਹਤਮੰਦ ਰਹਿਣ ਲਈ, ਪੌਸ਼ਟਿਕ ਭੋਜਨ ਖਾਣ ਦੀ ਸਲਾਹ ਦਿੱਤੀ- ਪ੍ਰੀਖਿਆ ਦੌਰਾਨ ਦਬਾਅ ਅਤੇ ਤਣਾਅ ਨਾਲ ਨਜਿੱਠਣ ਬਾਰੇ ਨੁਕਤੇ ਵੀ ਸਾਂਝੇ ਕੀਤੇ।
- ਪੰਜਾਬ ‘ਚ ਬਰਨਾਲਾ ਜ਼ਿਲ੍ਹਾ ਦਿਵਿਆਂਗਜਨ ਲਈ ਵਿਲੱਖਣ ਦਿਵਿਆਗਤਾਂ ਪਛਾਣ ਕਾਰਡ ਬਣਾਉਣ ਵਿੱਚ ਪਹਿਲੇ ਸਥਾਨ 'ਤੇ ਰਿਹੈ।
- ਪੰਜਾਬ ਦੇ ਕਿਰਤ ਵਿਭਾਗ ਦੀਆਂ ਸਾਰੀਆਂ ਸੇਵਾਵਾਂ ਤੇ ਉਦਯੋਗਿਕ ਯੋਜਨਾਵਾਂ ਆਨ ਲਾਈਨ ਹੋਈਆਂ।

- ਸਿੱਖ ਕੌਮ ਦੇ ਮਹਾਨ ਜਰਨੈਲ ਸ਼ਾਮ ਸਿੰਘ ਅਟਾਰੀ ਵਾਲਾ ਦਾ 179ਵਾਂ ਸ਼ਹੀਦੀ ਦਿਹਾੜਾ ਅੱਜ ਅਟਾਰੀ ਵਿਖੇ ਪੂਰੀ ਸ਼ਰਧਾ ਭਾਵ ਮਨਾਇਆ ਗਿਆ।